ਸ੍ਰੀ ਤਖ਼ਤ ਰਚਾਇਆ / ਸ੍ਰੀ ਅਕਾਲ ਤਖ਼ਤ ਸਾਹਿਬ ਜੀ

# ਸ੍ਰੀ ਅਕਾਲ ਤਖ਼ਤ ਸਾਹਿਬ

Sri Akal Takhat Sahib, Sri Amritsar (Pb.) India

ਨੰਬਰ............ ਮਿਤੀ 6-6-2014

## ਸੰਦੇਸ਼

**ਜੂਨ 1984** ਦੇ ਘੱਲੂਘਾਰੇ ਸਮੇਂ ਸਿੱਖ ਕੌਮ ਦੇ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਜ਼ਮਤ ਨੂੰ ਕਾਇਮ ਰੱਖਣ ਲਈ ਸ਼ਹੀਦ ਹੋਏ ਸਮੂੰਹ ਸਿੰਘਾਂ/ਸਿੰਘਣੀਆਂ ਨੂੰ ਸਤਿਕਾਰ ਭੇਟ ਕਰਦਿਆਂ ਇਕੱਤਰ ਹੋਏ ਗੁਰੂ ਪਿਆਰੇ ਖ਼ਾਲਸਾ ਜੀ

**ਵਾਹਿਗੁਰੂ ਜੀ ਕਾ ਖ਼ਾਲਸਾ।**
**ਵਾਹਿਗੁਰੂ ਜੀ ਕੀ ਫ਼ਤਹਿ॥**

**ਖ਼ਾਲਸਾ ਜੀ,**

ਅੱਜ 30 ਸਾਲ ਬੀਤ ਗਏ ਹਨ ਜਦ 1984 ਵਿਚ ਵਕਤ ਦੀ ਜ਼ਾਲਮ ਸਰਕਾਰ ਅਤੇ ਸਿੱਖ ਵਿਰੋਧੀ ਸੋਚ ਨੇ ਸਾਡੀ ਹੋਂਦ, ਹਸਤੀ ਤੇ ਪਹਿਚਾਣ ਨੂੰ ਮਲੀਆਮੇਟ ਕਰਨ ਦਾ ਕੋਝਾ ਯਤਨ ਕੀਤਾ ਸੀ। ਇਹ ਹਕੀਕਤ ਹੈ ਕਿ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਉਪਰ ਸਮੇਂ-ਸਮੇਂ ਅਨਿਆਂਕਾਰੀ ਅਤੇ ਅੱਤਿਆਚਾਰੀ ਹਾਕਮਾਂ ਨੇ ਸਿੱਧੇ ਜਾਂ ਅਸਿੱਧੇ ਢੰਗ ਨਾਲ ਕਈ ਵਾਰੀ ਵਾਰ ਕੀਤੇ, ਪਰ ਤਾਰੀਖ਼ ਗਵਾਹ ਹੈ ਕਿ ਸਦਾ ਹੀ ਜ਼ਾਲਮਾਂ ਨੂੰ ਮੂੰਹ ਦੀ ਖਾਣੀ ਪਈ।

**'ਕੂੜ ਨਿਖੁਟੇ ਨਾਨਕਾ ਓੜਕਿ ਸਚਿ ਰਹੀ॥'**

ਇਸਦਾ ਮੁੱਖ ਕਾਰਨ ਕਿ ਦੁਨਿਆਵੀ ਤਖ਼ਤਾਂ ਦੇ ਸਾਹਮਣੇ ਸ੍ਰੀ ਅਕਾਲ ਤਖ਼ਤ ਸਾਹਿਬ ਮੀਰੀ-ਪੀਰੀ ਦੇ ਮਾਲਕ **"ਦਲਿ ਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ"** ਸਤਿਗੁਰਾਂ ਦੀ ਸਿਰਜਣਾ ਹੈ ਤੇ ਜਿਸ ਦਾ ਗੌਰਵਮਈ ਇਤਿਹਾਸ ਹੈ।

ਅੱਜ ਵਿਸ਼ਵ ਭਰ ਵਿਚ ਵੱਸਦੇ ਗੁਰੂ ਨਾਨਕ ਨਾਮ ਲੇਵਾ 6 ਜੂਨ 1984 ਦੇ ਭਿਆਨਕ ਘੱਲੂਘਾਰੇ ਦੀ ਯਾਦ ਮਨਾਉਂਦਿਆਂ ਚਿੰਤਨ ਕਰ ਰਹੇ ਹਨ। ਤਿੰਨ ਦਹਾਕੇ ਬੀਤ ਜਾਣ ਦੇ ਬਾਅਦ ਵੀ ਹਰ ਸਿੱਖ ਲਈ ਇਹ ਅਸਹਿ ਤੇ ਅਕਹਿ ਪੀੜਾ ਹੈ। ਜਿਹਨਾਂ ਦੇਸ਼ ਦੇ ਹਾਕਮਾਂ ਸਾਡੇ ਮਹਾਨ ਧਾਰਮਿਕ ਕੇਂਦਰ ਉਪਰ ਆਪਣੀਆਂ ਫੌਜਾਂ, ਤੋਪਾਂ ਤੇ ਟੈਂਕ ਚਾੜ੍ਹ ਕੇ ਇਸ ਨਿਰਮਲ ਪੰਥ ਦੀ ਨਿਆਰੀ ਹਸਤੀ ਨੂੰ ਨੇਸਤੋ- ਨਾਬੂਦ ਕਰਨ ਦਾ ਘਿਨਾਉਣਾ ਯਤਨ ਕੀਤਾ, ਉਨ੍ਹਾਂ ਇਹ ਨਾ ਖਿਆਲ ਕੀਤਾ ਕਿ ਇਸ ਦੇਸ਼ ਦੀ ਅਜ਼ਾਦੀ ਲਈ ਸਾਡੇ ਪੁਰਖਿਆਂ ਨੇ ਵੱਡੀਆਂ ਕੁਰਬਾਨੀਆਂ ਦੇ ਕੇ ਇਸ ਨੂੰ ਅਜਾਦ ਕਰਵਾਇਆ ਸੀ। ਇੱਕ ਸਰਬੱਤ ਦਾ ਭਲਾ ਮੰਗਣ ਵਾਲੀ ਕੌਮ ਉਪਰ ਨਿੱਜੀ ਸਿਆਸੀ ਮੁਫਾਦਾਂ ਲਈ ਰੱਜ ਕੇ ਜ਼ੁਲਮ ਕੀਤਾ ਗਿਆ। ਇਸ ਨਾਲ ਦਿੱਲੀ ਦੇ ਹਾਕਮਾਂ ਪ੍ਰਤੀ ਸਿੱਖ ਸਮਾਜ ਦੇ ਮਨਾ ਵਿਚ ਨਫ਼ਰਤ ਪੈਦਾ ਹੋਈ ਅਤੇ ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਅਤੇ ਸਮੂੰਹ ਮਰਜੀਵੜਿਆਂ ਪ੍ਰਤੀ ਸ਼ਰਧਾ ਤੇ ਕੌਮੀ ਜਜ਼ਬਾ ਹੋਰ ਪ੍ਰਚੰਡ ਹੋਇਆ। ਇਹਨਾਂ ਸ਼ਹੀਦਾਂ ਦੀ ਸਿਮਰਤੀ ਵਿਚ ਸ਼ਹੀਦੀ ਯਾਦਗਾਰ ਦੀ ਸਥਾਪਨਾ ਇਸ ਇਤਿਹਾਸ ਦੀ ਸਦਾ ਗਵਾਹੀ ਭਰਦੀ ਰਹੇਗੀ। ਸਾਨੂੰ ਆਪਣੇ ਸ਼ਹੀਦਾਂ ਉਪਰ ਫਖ਼ਰ ਹੈ, ਜਿਨ੍ਹਾਂ ਨੇ ਜਾਬਰ ਹਕੂਮਤ ਦਾ ਸਬਰ-ਸਿਦਕ ਤੇ ਸੂਰਮਗਤੀ ਨਾਲ ਡੱਟ ਕੇ ਮੁਕਾਬਲਾ ਕਰਦਿਆਂ ਸ਼ਹੀਦੀ ਜਾਮ ਪੀਤੇ।

**ਖਾਲਸਾ ਜੀ !** ਆਪ ਜੀ ਦੇਖ ਰਹੇ ਹੋ ਕਿ ਅੱਜ ਸਮੂੰਹ ਸਿੱਖ ਜਥੇਬੰਦੀਆਂ, ਸਿੰਘ ਸਭਾਵਾਂ, ਸੰਪਰਦਾਵਾਂ, ਟਕਸਾਲਾਂ, ਨਿਹੰਗ ਸਿੰਘ, ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂੰਹ ਸ਼ਰਧਾਵਾਨ ਸਿੰਘ/ਸਿੰਘਣੀਆਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਕੱਤਰ ਹੋ ਕੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰ ਰਹੀਆਂ ਹਨ। ਸਤਿਕਾਰਤ ਸ਼ਹੀਦਾਂ ਦੀ ਯਾਦ ਵਿਚ ਇਕੱਤਰ ਹੋਏ ਕੌਮੀ ਵਿਰਾਸਤ ਤੇ ਸ਼ਹੀਦਾਂ ਦੇ ਵਾਰਸੋ! ਜੂਨ 84 ਦੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਣ ਕਰਦਿਆਂ ਕੁਝ ਅਹਿਮ ਫੈਸਲੇ ਤੇ ਪ੍ਰਣ ਕਰਨ ਦੀ ਮੁੱਖ ਲੋੜ ਹੈ ਜਿਵੇ:-

ਚਲਦਾ...

ੴ ਵਾਹਿਗੁਰੂ ਜੀ ਕੀ ਫ਼ਤਹ ॥ 716/3-13/1000

# ਸ੍ਰੀ ਅਕਾਲ ਤਖ਼ਤ ਸਾਹਿਬ

**Sri Akal Takhat Sahib, Sri Amritsar (Pb.) India**

ਨੰਬਰ............ ਮਿਤੀ ......................

ਬਾਕੀ......

- ਅੱਜ ਅਸੀਂ ਛੋਟੇ-ਛੋਟੇ ਸਵਾਰਥਾਂ ਲਈ ਕੌਮ ਵਿਚ ਵੰਡੀਆਂ ਪਾਈ ਜਾ ਰਹੇ ਹਾਂ, ਜਿਸ ਦਾ ਮੁੱਖ ਲਾਭ ਪੰਥ ਵਿਰੋਧੀ ਸ਼ਕਤੀਆਂ ਨੂੰ ਹੋ ਰਿਹਾ ਹੈ। ਅਸੀ ਇਹ ਵੀ ਦੇਖ ਰਹੇ ਹਾਂ ਕਿ ਪੰਥ ਵਿਰੋਧੀ ਤਾਕਤਾਂ ਆਪਸੀ ਤਾਲ-ਮੇਲ ਬਣਾ ਕੇ ਇੱਕ ਜੁੱਟ ਹੋ ਰਹੀਆਂ ਹਨ। ਅੱਜ ਵਕਤ ਦੀ ਲੋੜ ਹੈ ਕਿ ਅਸੀਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਛਤਰ-ਛਾਇਆ ਹੇਠ ਇੱਕ ਝੰਡੇ ਥੱਲੇ ਇਕੱਤਰ ਹੋ ਕੇ ਕੌਮੀ ਸ਼ਕਤੀ ਪ੍ਰਚੰਡ ਕਰੀਏ ਅਤੇ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਸਾਰੇ ਹੀ ਵਚਨਬੱਧ ਹੋਈਏ।
- ਸਮੂੰਹ ਪੰਥ ਦੇ ਵਾਰਸ ਪੰਥਕ ਰਹਿਤ ਮਰਯਾਦਾ ਉਪਰ ਪਹਿਰਾ ਦੇਈਏ ਅਤੇ ਗੁਰਮਤਿ ਅਨੁਸਾਰੀ ਜੀਵਨ ਜੀਵੀਏ ਤਾਂ ਸਾਡੀ ਨਿਆਰੀ ਹੋਂਦ ਨੂੰ ਕੋਈ ਖਤਰਾ ਨਹੀਂ ਹੋਏਗਾ।
- ਇਹ ਵੀ ਵੀਚਾਰਨ ਵਾਲੀ ਗੱਲ ਹੈ ਕਿ ਪਹਿਲਾਂ ਸਾਡੀ ਨੌਜਵਾਨ ਪੀੜ੍ਹੀ ਸਰਕਾਰੀ ਤੰਤਰ ਨੇ ਨਿਗਲ ਲਈ ਅਤੇ ਹੁਣ ਨਸ਼ਿਆਂ ਨੇ ਸਾਡੀ ਕੌਮ ਦੀ ਵੱਡੀ ਬਰਬਾਦੀ ਕੀਤੀ ਹੈ। ਅਸੀਂ ਲਾਮਬੰਦ ਹੋਈਏ, ਨਸ਼ਿਆਂ ਦੀ ਰੋਕਥਾਮ ਲਈ ਅਵਾਜ਼ ਬੁਲੰਦ ਕਰੀਏ, ਨਸ਼ਾ ਛੁਡਾਊ ਕੈਂਪਾਂ ਪ੍ਰਤੀ ਜਾਗ੍ਰਤੀ ਪੈਦਾ ਕਰੀਏ ਅਤੇ ਆਪਣੇ ਘਰਾਂ ਤੋਂ ਲੈ ਕੇ ਹਰ ਸਮਾਗਮਾਂ ਵਿਚ ਨਸ਼ਿਆਂ ਨੂੰ ਬੰਦ ਕਰਨ ਦਾ ਪ੍ਰਣ ਕਰੀਏ ਤਾਂ ਹੀ ਪੰਜਾਬ ਨਸ਼ਿਆਂ ਦੀ ਬਰਬਾਦੀ ਤੋਂ ਬਚ ਸਕਦਾ ਹੈ।
- ਗੁਰਦੁਆਰਾ ਸਾਹਿਬਾਨ ਵਿਚ ਸਿੱਖ ਜਾਗ੍ਰਤੀ ਦੀ ਲਹਿਰ ਚਲਾਈਏ, ਛੋਟੇ-ਛੋਟੇ ਕੈਂਪ, ਗੁਰਬਾਣੀ ਸੰਥਿਆ ਅਤੇ ਸਿੱਖ ਇਤਿਹਾਸ ਤੇ ਫਲਸਫ਼ੇ ਨਾਲ ਜੋੜਨ ਲਈ ਸਕੂਲਾਂ, ਕਾਲਜਾਂ ਤੱਕ ਗੁਰਮਤਿ ਵਿਦਿਆ ਪ੍ਰਦਾਨ ਕਰਨ ਦਾ ਪ੍ਰਬੰਧ ਕਰੀਏ। ਇਸ ਵਿਚ ਹੀ ਪਤਿਤਪੁਣੇ ਦਾ ਹੱਲ ਹੈ। ਇਸ ਦੇ ਨਾਲ ਆਪੋ ਆਪਣੇ ਪਰਿਵਾਰਾਂ ਵਿਚ ਸਿੱਖੀ ਦੀ ਖੁਸ਼ਬੋ ਪੈਦਾ ਕਰੀਏ। ਇਸੇ ਤਰ੍ਹਾਂ ਧੀਆਂ ਦਾ ਸਤਿਕਾਰ ਕਰੀਏ ਤਾਂ ਭਰੂਣ ਹੱਤਿਆ ਵਰਗੀਆਂ ਅਲਾਮਤਾਂ ਕਿਧਰੇ ਨਹੀਂ ਰਹਿਣਗੀਆਂ।
- ਖਾਲਸਾ ਪੰਥ ਇੱਕ ਬਾਗ ਦੀ ਨਿਆਈਂ ਹੈ। ਇਸ ਲਈ ਸਮੂੰਹ ਸੰਪਰਦਾਵਾਂ, ਟਕਸਾਲਾਂ, ਨਿਰਮਲੇ, ਉਦਾਸੀ, ਨਿਹੰਗ ਸਿੰਘ, ਸਟੱਡੀ ਸਰਕਲ, ਮਿਸ਼ਨਰੀ ਵੀਰ, ਸਿੰਘ ਸਭਾਵਾਂ, ਸਭਾ ਸੁਸਾਇਟੀਆਂ ਆਪਸੀ ਸਾਂਝ ਨੂੰ ਵਧਾਉਣ, ਤਾਂ ਹੀ ਅਸੀਂ ਪੰਥ ਦੋਖੀ ਸ਼ਕਤੀਆਂ, ਨਾਸਤਿਕਵਾਦੀ ਸੋਚ ਤੇ ਵਾਦ-ਵਿਵਾਦੀ ਮੁੱਦਿਆਂ ਤੋਂ ਉਪਰ ਉੱਠ ਕੇ ਆਪਣੇ ਧਰਮ ਲਈ ਉਸਾਰੂ ਕਾਰਜ ਕਰ ਸਕਦੇ ਹਾਂ।
- ਇਸੇ ਤਰ੍ਹਾਂ ਜੋ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ ਪਰ ਅਜੇ ਵੀ ਜੇਲ੍ਹਾਂ ਵਿਚ ਬੰਦ ਹਨ, ਉਨ੍ਹਾਂ ਦੀ ਰਿਹਾਈ ਲਈ ਸਾਨੂੰ ਰਲ ਕੇ ਉਦਮ ਕਰਨਾ ਚਾਹੀਦਾ ਹੈ। ਇਸ ਦੇ ਨਾਲ-ਨਾਲ ਦਲਿਤ ਭਾਈਚਾਰਾ, ਵਣਜਾਰੇ ਤੇ ਸਿਕਲੀਗਰ ਸਿੱਖ ਭਾਈਚਾਰੇ ਲਈ ਵੀ ਹਰ ਪੱਖੋਂ ਮਦਦ ਕਰੀਏ ਤੇ ਦੇਸ਼-ਵਿਦੇਸ਼ ਦੀਆਂ ਸਿੱਖ ਸੰਗਤਾਂ ਨੂੰ ਪ੍ਰੇਰੀਏ, ਇਹ ਸਾਡੀ ਕੌਮੀ ਸ਼ਕਤੀ ਹੈ।
- **ਖ਼ਾਲਸਾ ਜੀ!** ਇਹਨਾਂ ਸਾਰੇ ਮਸਲਿਆਂ ਦਾ ਮੁੱਖ ਹੱਲ -ਗੁਰੂ ਗ੍ਰੰਥ ਤੇ ਗੁਰੂ ਪੰਥ ਪ੍ਰਤੀ ਸਮਰਪਿਤ ਸੋਚ ਪੈਦਾ ਕਰਨਾ ਹੈ। ਇਹ ਨਸ਼ੇ, ਪਤਿਤਪੁਣਾ, ਭਰੂਣ ਹੱਤਿਆ, ਦੇਹਧਾਰੀ ਗੁਰੂ ਡੰਮ੍ਹ, ਪੰਥ ਦੋਖੀਆਂ ਦੀਆਂ ਚਾਲਾਂ ਤੇ ਹੋਰ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਬੁਰਾਈਆਂ ਸਭ ਦੂਰ ਹੋ ਜਾਣਗੀਆਂ। ਅੰਤ ਸਮੂੰਹ ਸੰਗਤਾਂ ਦਾ ਧੰਨਵਾਦ ਕਰਦਾ ਹੋਇਆ ਦਾਸ ਫ਼ਤਹਿ ਬੁਲਾਉਂਦਾ ਹੈ।

**ਵਾਹਿਗੁਰੂ ਜੀ ਕਾ ਖ਼ਾਲਸਾ। ਵਾਹਿਗੁਰੂ ਜੀ ਕੀ ਫ਼ਤਹਿ॥**

(ਗੁਰਬਚਨ ਸਿੰਘ)
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।